ਸਾਰਗ ਮਹਲਾ ੫ ॥ ਅੰਮ੍ਰਿਤ ਨਾਮੁ ਮਨਹਿ ਆਧਾਰੋ ॥ ਜਿਨ ਦੀਆ ਤਿਸ ਕੈ ਕੁਰਬਾਨੈ ਗੁਰ ਪੂਰੇ ਨਮਸਕਾਰੋ ॥੧॥ ਰਹਾਉ ॥ ਬੂਝੀ ਤ੍ਰਿਸਨਾ ਸਹਜਿ ਸੁਹੇਲਾ ਕਾਮੁ ਕ੍ਰੋਧੁ ਬਿਖੁ ਜਾਰੋ ॥ ਆਇ ਨ ਜਾਇ ਬਸੈ ਇਹ ਠਾਹਰ ਜਹ ਆਸਨੁ ਨਿਰੰਕਾਰੋ ॥੧॥ ਏਕੈ ਪਰਗਟੁ ਏਕੈ ਗੁਪਤਾ ਏਕੈ ਧੁੰਧੂਕਾਰੋ ॥ ਆਦਿ ਮਧਿ ਅੰਤਿ ਪ੍ਰਭੁ ਸੋਈ ਕਹੁ ਨਾਨਕ ਸਾਚੁ ਬੀਚਾਰੋ ॥੨॥੩੧॥੫੪॥ {ਪੰਨਾ 1215}

ਪਦਅਰਥ:- ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ। ਮਨਹਿ ਆਧਾਰੋ—ਮਨ ਦਾ ਆਸਰਾ। ਜਿਨਿ—ਜਿਸ (ਗੁਰੂ) ਨੇ। ਤਿਸ ਕੈ—{ਸੰਬੰਧਕ 'ਕੈ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}।1। ਰਹਾਉ।

ਸਹਜਿ—ਆਤਮਕ ਅਡੋਲਤਾ ਵਿਚ। ਸੁਹੇਲਾ—ਸੁਖੀ। ਬਿਖੁ—ਆਤਮਕ ਮੌਤ ਲਿਆਉਣ ਵਾਲਾ ਜ਼ਹਰ। ਜਾਰੋ—ਸਾੜ ਦਿੱਤਾ ਹੈ। ਆਇ ਨ ਜਾਇ—ਕਿਸੇ ਪਾਸੇ ਭਟਕਦਾ ਨਹੀਂ। ਠਾਹਰ—ਥਾਂ। ਜਹ—ਜਿੱਥੇ।1।

ਏਕੈ—(ਪਰਮਾਤਮਾ) ਆਪ ਹੀ। ਗੁਪਤਾ—ਲੁਕਿਆ ਹੋਇਆ। ਧੁੰਧੂਕਾਰੋ—ਘੁੱਪ ਹਨੇਰਾ। ਆਦਿ—(ਜਗਤ ਦੇ) ਸ਼ੁਰੂ ਵਿਚ। ਮਧਿ—ਵਿਚਕਾਰਲੇ ਸਮੇ, ਹੁਣ। ਅੰਤਿ—(ਜਗਤ ਦੇ) ਅਖ਼ੀਰ ਵਿਚ। ਸਾਚੁ—ਅਟੱਲ, ਸਦਾ ਕਾਇਮ ਰਹਿਣ ਵਾਲਾ।2।

ਅਰਥ:- ਹੇ ਭਾਈ! ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ (ਹੁਣ ਮੇਰੇ) ਮਨ ਦਾ ਆਸਰਾ (ਬਣ ਗਿਆ) ਹੈ। ਜਿਸ (ਗੁਰੂ) ਨੇ (ਇਹ ਹਰਿ-ਨਾਮ ਮੈਨੂੰ) ਦਿੱਤਾ ਹੈ, ਮੈਂ ਉਸ ਤੋਂ ਸਦਕੇ ਜਾਂਦਾ ਹਾਂ, ਉਸ ਪੂਰੇ ਗੁਰੂ ਅੱਗੇ ਸਿਰ ਨਿਵਾਂਦਾ ਹਾਂ।1। ਰਹਾਉ।

ਹੇ ਭਾਈ! (ਅੰਮ੍ਰਿਤ ਨਾਮ ਦੀ ਬਰਕਤਿ ਨਾਲ) ਮੇਰੀ ਤ੍ਰਿਸ਼ਨਾ ਮਿਟ ਗਈ ਹੈ, ਮੈਂ ਆਤਮਕ ਅਡੋਲਤਾ ਵਿਚ (ਟਿਕ ਕੇ) ਸੁਖੀ (ਹੋ ਗਿਆ) ਹਾਂ, ਆਤਮਕ ਮੌਤ ਲਿਆਉਣ ਵਾਲੇ ਕ੍ਰੋਧ ਜ਼ਹਰ ਨੂੰ (ਆਪਣੇ ਅੰਦਰੋਂ) ਸਾੜ ਦਿੱਤਾ ਹੈ। (ਹੁਣ ਮੇਰਾ ਮਨ) ਕਿਸੇ ਪਾਸੇ ਭਟਕਦਾ ਨਹੀਂ, ਉਸ ਟਿਕਾਣੇ ਤੇ ਟਿਕਿਆ ਰਹਿੰਦਾ ਹੈ ਜਿਥੇ ਪਰਮਾਤਮਾ ਦਾ ਨਿਵਾਸ ਹੈ।1।

ਹੇ ਨਾਨਕ! ਆਖ—(ਹੇ ਭਾਈ! ਹੁਣ ਮੇਰੇ ਅੰਦਰ ਇਹ) ਅਟੱਲ ਵਿਸ਼ਵਾਸ (ਬਣ ਗਿਆ) ਹੈ ਕਿ ਜਗਤ ਦੇ ਆਰੰਭ ਵਿਚ, ਹੁਣ ਵਿਚਕਾਰਲੇ ਸਮੇ, ਜਗਤ ਦੇ ਅਖ਼ੀਰ ਵਿਚ ਉਹ ਪਰਮਾਤਮਾ ਆਪ ਹੀ ਆਪ ਹੈ। ਇਹ ਪਰਤੱਖ ਜਗਤ ਉਹ ਆਪ ਹੀ ਹੈ, (ਇਸ ਜਗਤ ਵਿਚ) ਲੁਕਿਆ ਹੋਇਆ (ਆਤਮਾ ਭੀ) ਉਹ ਆਪ ਹੀ ਹੈ, ਘੁੱਪ ਹਨੇਰਾ ਭੀ (ਜਦੋਂ ਕੋਈ ਜਗਤ-ਰਚਨਾ ਨਹੀਂ ਸੀ) ਉਹ ਆਪ ਹੀ ਹੈ।2। 31। 54।